ਆਸਾ ਮਹਲਾ ੪ ਛੰਤ ॥ ਵਡਾ ਮੇਰਾ ਗੋਵਿੰਦੁ ਅਗਮ ਅਗੋਚਰੁ ਆਦਿ ਨਿਰੰਜਨੁ ਨਿਰੰਕਾਰੁ ਜੀਉ ॥ ਤਾ ਕੀ ਗਤਿ ਕਹੀ ਨ ਜਾਈ ਅਮਿਤਿ ਵਡਿਆਈ ਮੇਰਾ ਗੋਵਿੰਦੁ ਅਲਖ ਅਪਾਰ ਜੀਉ ॥ ਗੋਵਿੰਦੁ ਅਲਖ ਅਪਾਰੁ ਅਪਰੰਪਰੁ ਆਪੁ ਆਪਣਾ ਜਾਣੈ ॥ ਕਿਆ ਇਹ ਜੰਤ ਵਿਚਾਰੇ ਕਹੀਅਹਿ ਜੋ ਤੁਧੁ ਆਖਿ ਵਖਾਣੈ ॥ ਜਿਸ ਨੋ ਨਦਰਿ ਕਰਹਿ ਤੂੰ ਅਪਣੀ ਸੋ ਗੁਰਮੁਖਿ ਕਰੇ ਵੀਚਾਰੁ ਜੀਉ ॥ ਵਡਾ ਮੇਰਾ ਗੋਵਿੰਦੁ ਅਗਮ ਅਗੋਚਰੁ ਆਦਿ ਨਿਰੰਜਨੁ ਨਿਰੰਕਾਰੁ ਜੀਉ ॥੧॥ {ਪੰਨਾ 448}

ਪਦਅਰਥ:- ਅਗਮ—ਅਪਹੁੰਚ। ਅਗੋਚਰੁ—{ਗੋ—ਗਿਆਨ-ਇੰਦ੍ਰੇ} ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ। ਆਦਿ—ਸਭ ਦੇ ਮੁੱਢ। ਨਿਰੰਜਨੁ —{ਨਿਰ-ਅੰਜਨੁ} ਜਿਸ ਨੂੰ ਮਾਇਆ ਦੀ ਕਾਲਖ ਨਹੀਂ ਲੱਗ ਸਕਦੀ। ਨਿਰੰਕਾਰੁ—{ਨਿਰ-ੁਆਕਾਰ} ਜਿਸ ਦਾ ਕੋਈ ਖ਼ਾਸ ਸਰੂਪ ਦੱਸਿਆ ਨਹੀਂ ਜਾ ਸਕਦਾ। ਗਤਿ—ਹਾਲਤ। ਅਮਿਤਿ—ਅਮਿਣਵੀ। ਅਲਖ—ਜਿਸ ਦਾ ਸਰੂਪ ਬਿਆਨ ਨਾਹ ਕੀਤਾ ਜਾ ਸਕੇ। ਅਪਰੰਪਰੁ—ਪਰੇ ਤੋਂ ਪਰੇ ਬੇਅੰਤ। ਕਹੀਅਹਿ —ਕਹੇ ਜਾਣ। ਜਿਸ ਨੋ —{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ। ਵੇਖੋ 'ਗੁਰਬਾਣੀ ਵਿਆਕਰਣ'}।1।

ਅਰਥ:- (ਹੇ ਭਾਈ!) ਮੇਰਾ ਗੋਵਿੰਦ (ਸਭ ਤੋਂ) ਵੱਡਾ ਹੈ (ਕਿਸੇ ਸਿਆਣਪ ਨਾਲ ਉਸ ਤਕ ਮਨੁੱਖ ਦੀ) ਪਹੁੰਚ ਨਹੀਂ ਹੋ ਸਕਦੀ, ਉਹ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, (ਸਾਰੇ ਜਗਤ ਦਾ) ਮੂਲ ਹੈ, ਉਸ ਨੂੰ ਮਾਇਆ ਦੀ ਕਾਲਖ ਨਹੀਂ ਲੱਗ ਸਕਦੀ , ਉਸ ਦੀ ਕੋਈ ਖ਼ਾਸ ਸ਼ਕਲ ਨਹੀਂ ਦੱਸੀ ਜਾ ਸਕਦੀ। (ਹੇ ਭਾਈ !) ਇਹ ਨਹੀਂ ਦੱਸਿਆ ਜਾ ਸਕਦਾ ਕਿ ਪਰਮਾਤਮਾ ਕਿਹੋ ਜਿਹਾ ਹੈ , ਉਸ ਦਾ ਵਡੱਪਣ ਭੀ ਮਿਣਿਆ ਨਹੀਂ ਜਾ ਸਕਦਾ (ਹੇ ਭਾਈ!) ਮੇਰਾ ਉਹ ਗੋਵਿੰਦ ਬਿਆਨ ਤੋਂ ਬਾਹਰ ਹੈ ਬੇਅੰਤ ਹੈ। ਪਰੇ ਤੋਂ ਪਰੇ ਹੈ , ਆਪਣੇ ਆਪ ਨੂੰ ਉਹ ਹੀ ਜਾਣਦਾ ਹੈ। ਇਹਨਾਂ ਜੀਵਾਂ ਵਿਚਾਰਿਆਂ ਦੀ ਕੀਹ ਪਾਂਇਆਂ ਹੈ (ਕਿ ਉਸ ਦਾ ਸਰੂਪ ਦੱਸ ਸੱਕਣ)?

(ਹੇ ਪ੍ਰਭੂ! ਕੋਈ ਭੀ ਐਸਾ ਜੀਵ ਨਹੀਂ ਹੈ) ਜੋ ਤੇਰੀ ਹਸਤੀ ਨੂੰ ਬਿਆਨ ਕਰ ਕੇ ਸਮਝਾ ਸਕੇ। ਹੇ ਪ੍ਰਭੂ! ਜਿਸ ਮਨੁੱਖ ਉਤੇ ਤੂੰ ਆਪਣੀ ਮੇਹਰ ਦੀ ਨਿਗਾਹ ਕਰਦਾ ਹੈਂ, ਉਹ ਗੁਰੂ ਦੀ ਸਰਨ ਪੈ ਕੇ (ਤੇਰੇ ਗੁਣਾਂ ਦੀ) ਵਿਚਾਰ ਕਰਦਾ ਹੈ।

(ਹੇ ਭਾਈ!) ਮੇਰਾ ਗੋਵਿੰਦ (ਸਭ ਤੋਂ) ਵੱਡਾ ਹੈ, (ਕਿਸੇ ਸਿਆਣਪ ਨਾਲ ਉਸ ਤਕ ਮਨੁੱਖ ਦੀ ) ਪਹੁੰਚ ਨਹੀਂ ਹੋ ਸਕਦੀ, ਉਹ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, (ਸਾਰੇ ਜਗਤ ਦਾ) ਮੂਲ ਹੈ ਉਸ ਨੂੰ ਮਾਇਆ ਦੀ ਕਾਲਖ ਨਹੀਂ ਲੱਗ ਸਕਦੀ ਉਸ ਦੀ ਕੋਈ ਖ਼ਾਸ ਸ਼ਕਲ ਨਹੀਂ ਦੱਸੀ ਜਾ ਸਕਦੀ।1।